# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-01-2025**

ਅੱਜ ਸਮਾਜ ਸੁਧਾਰਕ ਸਾਵਿਤਰੀਬਾਈ ਫੂਲੇ ਦੀ ਜਨਮ ਵਰੇਗੰਢ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ ।ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਨੇ ਸਾਵਿਤਰੀਬਾਈ ਫੂਲੇ ਦੀ ਔਰਤਾਂ ਦੇ ਸਸ਼ਕਤੀਕਰਨ ਦੀ ਇਕ ਪ੍ਰਤੀਕ ਤੇ ਸਿੱਖਿਆ ਤੇ ਸਮਾਜਿਕ ਸੁਧਾਰ ਦੇ ਖੇਤਰ ਵਿਚ ਇਕ ਮੋਢੀ ਵਜੋਂ ਸ਼ਲਾਘਾ ਕੀਤੀ। ਇਸ ਦੌਰਾਨ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀ ਕਿਹਾ  ਕਿ ਸ਼੍ਰੀਮਤੀ ਫੂਲੇ ਨੇ ਔਰਤਾਂ ਦੀ ਸਿੱਖਿਆ ਲਈ ਦਰਵਾਜ਼ੇ ਖੋਲ੍ਹੇ ਤੇ ਸਮਾਜ ਦੇ ਵਾਂਝੇ, ਦੱਬੇ-ਕੁਚਲੇ ਤੇ ਸ਼ੋਸ਼ਿਤ ਵਰਗਾਂ ਦੇ ਅਧਿਕਾਰਾਂ ਲਈ ਜ਼ੋਰਦਾਰ ਲੜਾਈ ਲੜੀ ।

---------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖਵਾਜਾ ਮੋਇਨੂਦੀਨ ਚਿਸ਼ਤੀ ਦੇ

ਉਰਸ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ । ਉਨ੍ਹਾਂ  ਸਾਰਿਆਂ ਦੇ ਜੀਵਨ ਵਿਚ ਸੁੱਖ ਤੇ ਸ਼ਾਂਤੀ ਦੀ ਕਾਮਨਾ ਕੀਤੀ ਏ । ਸ੍ਰੀ ਮੋਦੀ ਨੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੂੰ ਚਾਦਰ ਵੀ ਭੇਟ ਕੀਤੀ,  ਜੋ ਉਨ੍ਹਾਂ ਦੀ ਤਰਫ਼ੋਂ ਅਜਮੇਰ ਸ਼ਰੀਫ਼ ਦਰਗਾਹ ’ਤੇ ਉਰਸ ’ਤੇ ਚੜ੍ਹਾਈ ਜਾਵੇਗੀ। ਇਸੇ ਦੌਰਾਨ ਸ੍ਰੀ ਰਿਜਿਜੂ ਨੇ  ਮੀਡੀਆ ਨੂੰ ਦੱਸਿਆ ਕਿ ਉਹ ਭਲਕੇ ਅਜਮੇਰ ਸ਼ਰੀਫ਼ ਵਿਖੇ ਸ੍ਰੀ ਮੋਦੀ ਦੀ ਤਰਫ਼ੋਂ ਚਾਦਰ ਚੜ੍ਹਾਉਣਗੇ।

---------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਦਿੱਲੀ ਵਿਚ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਤੇ ਨੀਂਹ ਪੱਥਰ ਰੱਖਣਗੇ। ਉਹ ਰਾਸ਼ਟਰੀ ਰਾਜਧਾਨੀ ਦੇ ਅਸ਼ੋਕ ਵਿਹਾਰ ਵਿਚ ਜੇਜੇ ਕਲੱਸਟਰ ਦੇ ਨਿਵਾਸੀਆਂ ਲਈ ਲਗਭਗ 1700 ਨਵੇਂ ਬਣੇ ਫਲੈਟਾਂ ਦਾ ਉਦਘਾਟਨ ਕਰਨਗੇ ਤੇ ਯੋਗ ਲਾਭਪਾਤਰੀਆਂ ਨੂੰ ਚਾਬੀਆਂ ਸੌਂਪਣਗੇ। ਨਵੇਂ ਬਣੇ ਫਲੈਟਾਂ ਦਾ ਉਦਘਾਟਨ ਦਿੱਲੀ ਵਿਕਾਸ ਅਥਾਰਟੀ ਦੁਆਰਾ ਦੂਜੇ ਸਫਲ ਇਨ-ਸੀਟੂ ਝੁੱਗੀ-ਝੌਂਪੜੀ ਮੁੜ ਵਸੇਬਾ ਪ੍ਰੋਜੈਕਟ ਦੇ ਮੁਕੰਮਲ ਹੋਣ ਦੀ ਨਿਸ਼ਾਨਦੇਹੀ ਕਰੇਗਾ। ਪ੍ਰੋਜੈਕਟ ਦਾ ਉਦੇਸ਼ ਜੇਜੇ ਕਲੱਸਟਰਾਂ ਦੇ ਵਸਨੀਕਾਂ ਨੂੰ ਉਚਿਤ ਸਹੂਲਤਾਂ

ਅਤੇ ਸਹੂਲਤਾਂ ਨਾਲ ਲੈਸ ਇੱਕ ਬਿਹਤਰ ਅਤੇ ਸਿਹਤਮੰਦ ਰਹਿਣ ਦਾ ਵਾਤਾਵਰਣ ਪ੍ਰਦਾਨ ਕਰਨਾ ਏ ।

-----------------------------------------------------------

ਕੁੰਭ ਮੇਲੇ ਦੇ ਮੱਦੇਨਜ਼ਰ ਰੇਲਵੇ ਵਲੋਂ ਯਾਤਰੀਆਂ ਦੀ ਸਹੂਲਤ ਲਈ ਵਿਸ਼ੇਸ ਐਕਸਪ੍ਰੈਸ ਰੇਲ ਗੱਡੀਆਂ ਚਲਾਈਆਂ ਜਾਣਗੀਆਂ, ਜਿਸ ਤੇਹਤ ਅੰਮ੍ਰਿਤਸਰ-ਫਾਫਾਮਾਉ-ਅੰਮ੍ਰਿਤਸਰ ਰਾਖਵੀਂ ਵਿਸ਼ੇਸ਼ ਐਕਸਪ੍ਰੈਸ ਰੇਲ ਗੱਡੀ 9 ਤੇ 19 ਜਨਵਰੀ ਤੇ 6 ਫਰਵਰੀ ਨੂੰ ਅੰਮ੍ਰਿਤਸਰ ਤੋਂ ਫਫਾਮਾਉ ਲਈ ਚੱਲੇਗੀ । ਇਹ ਰਾਖਵੀਂ ਵਿਸ਼ੇਸ਼ ਰੇਲਗੱਡੀ ਅੰਮ੍ਰਿਤਸਰ ਤੋਂ ਰਾਤ 08:10 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸ਼ਾਮ 7 ਵਜੇ ਫਫਾਮਾਊ ਪਹੁੰਚੇਗੀ । 25 ਜਨਵਰੀ ਨੂੰ ਦੂਸਰੀ ਫਿਰੋਜ਼ਪੁਰ ਕੈਂਟ-ਫਾਫਾਮਾਊ-ਫਰੋਜ਼ਪੁਰ ਕੈਂਟ ਰਾਖਵੀਂ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ ਫਿਰੋਜ਼ਪੁਰ ਕੈਂਟ ਤੋਂ ਫਫਾਮਾਉ ਲਈ ਰਵਾਨਾ ਹੋਵੇਗੀ ਤੇ ਅਗਲੇ ਦਿਨ ਸਵੇਰੇ 11:30 ਵਜੇ ਫਫਾਮਾਉ ਪੁੱਜੇਗੀ । ਵਾਪਸੀ ਤੇ ਰੇਲਗੱਡੀ 26 ਜਨਵਰੀ ਨੂੰ ਸ਼ਾਮ 07:30 ਵਜੇ ਫਾਫਾਮਾਊ ਤੋਂ ਫਿਰੋਜ਼ਪੁਰ ਕੈਂਟ ਲਈ ਰਵਾਨਾ ਹੋਵੇਗੀ ਤੇ ਅਗਲੇ ਦਿਨ ਸ਼ਾਮ 04:45 ਵਜੇ ਫਿਰੋਜ਼ਪੁਰ ਕੈਂਟ ਪਹੁੰਚੇਗੀ । ਫਫਾਮਾਉ

ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿਚ ਸਥਿਤ ਏ। ਇਹ ਵਿਸ਼ੇਸ਼ ਰੇਲ ਗੱਡੀਆਂ ਮਹਾਂਕੁੰਭ ਮੇਲੇ ਦੌਰਾਨ 3 ਹਜ਼ਾਰ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦੀ ਰੇਲ ਮੰਤਰਾਲੇ ਦੀ ਯੋਜਨਾ ਦਾ ਹਿੱਸਾ ਨੇ। ਰੇਲਵੇ ਨੇ 15 ਦਿਨ ਪਹਿਲਾਂ ਹੀ ਰੇਲਵੇ ਟਿਕਟ ਜਾਰੀ ਕਰਨ ਦੀ ਸਹੂਲਤ ਸ਼ੁਰੂ ਕਰ ਦਿੱਤੀ ਏ।

-------------------------------------------------------

ਸੰਘਣੀ ਧੁੰਦ ਨੇ ਪੰਜਾਬ ਸਮੇਤ ਉੱਤਰੀ ਭਾਰਤ ਨੂੰ ਆਪਣੀ ਲਪੇਟ ਵਿਚ ਲਿਆ ਹੋਆ ਏ, ਜਿਸ ਨਾਲ ਹਵਾਈ ਤੇ ਰੇਲ ਆਵਾਜਾਈ ਪ੍ਰਭਾਵਿਤ ਹੋ ਰਹੀ ਏ। ਰਾਸ਼ਟਰੀ ਰਾਜਧਾਨੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਘੱਟ ਵਿਜ਼ੀਬਿਲਟੀ ਕਾਰਨ ਲਗਭਗ 50 ਉਡਾਣਾਂ ਲੇਟ ਹੋ ਗਈਆਂ। ਦਿੱਲੀ ਜਾਣ ਵਾਲੀਆਂ ਕਈ ਰੇਲ ਗੱਡੀਆਂ ਦੀ ਆਵਾਜਾਈ ਵੀ ਪ੍ਰਭਾਵਿਤ ਹੋਈ। ਅੱਜ ਸਵੇਰੇ ਚੰਡੀਗੜ੍ਹ ਵਿਚ ਵੀ ਧੁੰਦ ਦੀ ਸੰਘਣੀ ਚਾਦਰ ਕਾਰਨ ਦੂਰ ਤਕ ਵੇਖਣ ਦੀ ਸ਼ਮਤਾ ਬਹੁਤ ਘਟ ਗਈ ਹੈ ਜਿਸ ਕਰਕੇ ਇਥੋਂ ਦੇ ਸ਼ਹੀਦ ਭਗਤ ਸਿੰਘ

ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਵੀ ਚਾਰ ਉਡਾਣਾਂ ਦੇਰੀ ਨਾਲ ਚੱਲੀਆਂ।

----------------------------------------------------

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਏ ਕਿ ਸਰਕਾਰੀ ਹਸਪਤਾਲਾਂ 'ਚ ਕੰਮ ਕਰਦੇ ਸਫ਼ਾਈ ਸੇਵਕਾਂ ਤੇ ਦਰਜਾ ਚਾਰ ਕਰਮਚਾਰੀਆਂ ਨੂੰ ਪੜ੍ਹਾਈ ਕਰਨ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ। ਸਰਕਾਰੀ ਰਾਜਿੰਦਰਾ ਹਸਪਤਾਲ ਦੇ ਸਫ਼ਾਈ ਸੇਵਕਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਪੰਜਾਬ ਸਿਹਤ ਖੇਤਰ ਵਿਚ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਵਾਲਾ ਦੇਸ਼ ਦਾ ਅਹਿਮ ਰਾਜ ਬਣ ਗਿਆ ਏ, ਜਿਸ ਲਈ ਡਾਕਟਰਾਂ ਸਮੇਤ ਨਰਸਿੰਗ ਸਟਾਫ਼, ਸਫ਼ਾਈ ਸੇਵਕ ਤੇ ਦਰਜਾ ਚਾਰ ਕਰਮਚਾਰੀਆਂ ਦੀ ਅਹਿਮ ਭੂਮਿਕਾ ਏ। ਡਾ. ਬਲਬੀਰ ਸਿੰਘ ਨੇ ਆਖਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਫਾਈ ਸੇਵਕਾਂ ਤੇ ਦਰਜਾ ਚਾਰ ਕਰਮਚਾਰੀਆਂ ਨੂੰ ਜਿੰਦਗੀ ਵਿਚ ਹੋਰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਏ।

---------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਅੰਦਰ ਅਵਾਰਾ ਪਸ਼ੂਆਂ ਦੀ ਸੱਮਸਿਆ ਦੇ ਨਿਪਟਾਰੇ ਲਈ ਗਊਸ਼ਾਲਾ ਭਲਾਈ ਸੰਸਥਾ ਦੇ ਨੁਮਾਇੰਦਿਆਂ ਨਾਲ ਸਮੀਖਿਆ ਮੀਟਿੰਗ ਕੀਤੀ । ਇਸ ਮੌਕੇ ਉਹਨਾਂ ਸਬੰਧਤ ਅਧਿਕਾਰੀਆਂ ਤੇ ਗਊਸ਼ਾਲਾ ਭਲਾਈ ਸੰਸਥਾ ਦੇ ਨੁਮਾਇੰਦਿਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ । ਇਸ ਦੌਰਾਨ ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹੇ ਵਿਚ ਕਿਸੇ ਪਸ਼ੂ ਨਾਲ ਕਿਸੇ ਕਿਸਮ ਦੀ ਬੇਰਹਿਮੀ ਹੁੰਦੀ ਏ ਤਾਂ ਇਸ ਦੀ ਸ਼ਿਕਾਇਤ ਲਿਖਤੀ ਰੂਪ ਵਿੱਚ ਕੀਤੀ ਜਾ ਸਕਦੀ ਏ , ਜਿਸ 'ਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।